# ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ

**ਸਰਕਾਰੀ (ਮਾਡਲ)ਸੀਨੀਅਰ ਸੈਕੰਡਰੀ ਸਕੂਲ,(ਮਾਈਕਰੋਸਾਫਟ ਬਿਲਡਿੰਗ)**

**ਫੇਜ-3ਬੀ-1, ਮੁਹਾਲੀ।**

(**ਵੈਬਸਾਈਟ** www.educationrecruitmentboard.com)

## ਜਨਤਕ ਨਿਯੁਕਤੀਆਂ

ਪੰਜਾਬ ਸਿੱਖਿਆ ਵਿਭਾਗ ਵੱਲੋਂ ਹੇਠ ਲਿਖੇ ਅਨੁਸਾਰ **ਅੰਗਰੇਜੀ** ਮਾਸਟਰ/ਮਿਸਟ੍ਰੈਸ **ਦੀਆਂ** 393 ਅਸਾਮੀਆਂ ਦੀ ਭਰਤੀ ਕਰਨ ਲਈ ਯੋਗ ਉਮੀਦਵਾਰਾਂ ਵੱਲੋਂ ਵਿਭਾਗ ਦੀ ਵੈਬ-ਸਾਈਟ **www.educationrecruitmentboard.com** ਤੇ ਆਨਲਾਈਨ ਦਰਖਾਸਤਾਂ ਦੀ ਮੰਗ ਮਿਤੀ 10.09.2017 ਤੋਂ ਕੀਤੀ ਜਾਂਦੀ ਹੈ। ਇਨ੍ਹਾਂ ਅਸਾਮੀਆਂ **ਦੀ** ਕੈਟਾਗਰੀ ਵਾਈਜ਼ ਵੰਡ ਹੇਠ ਲਿਖੇ ਅਨੁਸਾਰ ਹੈ :-

1.**ਆਸਾਮੀਆਂ ਦੀ ਵੰਡ:**

| ਲੜੀ ਨੰ | ਵਿਸ਼ਾ | ਕੁੱਲ ਅਸਾਮੀਆ | ਜਨਰਲ | ਅਨੁਸੂਚਿਤ ਜਾਤੀ (ਐਮ ਤੇ ਬੀ) | ਅਨੁਸੂਚਿਤ ਜਾਤੀ (ਆਰ ਤੇ ਓ) | ਅਨੁਸੂਚਿਤ ਜਾਤੀ(ਸਾਬਕਾ ਫੋਜੀ)(ਐਮ ਤੇ ਬੀ ) | ਅਨੁਸੂਚਿਤ ਜਾਤੀ(ਸਾਬਕਾ ਫੋਜੀ) (ਆਰ ਤੇ ਓ) | ਅਨੁਸੂਚਿਤ ਜਾਤੀ(ਖਿਡਾਰੀ) (ਐਮ ਤੇ ਬੀ) | ਅਨੁਸੂਚਿਤ ਜਾਤੀ(ਖਿਡਾਰੀ) (ਆਰ ਤੇ ਓ) | ਪੱਛੜੀਆਂ ਸ਼੍ਰੇਣੀਆਂ | ਪੱਛੜੀਆਂ ਸ਼੍ਰੇਣੀਆਂ (ਸਾਬਕਾ ਫੋਜੀ) | ਖਿਡਾਰੀ (ਜਨਰਲ) | ਅਜ਼ਾਦੀ ਘੁਲਾਟੀਏ | ਸਾਬਕਾ ਫੋਜੀ (ਜਨਰਲ) | ਅੰਗਹੀਣ |
|---|---|---|---|---|---|---|---|---|---|---|---|---|---|---|---|
| 1. | ਅੰਗਰੇਜੀ | 393 | 175 | 39 | 39+1 ਓਡ | 8 | 8 | 2 | 2 | 39 | 8 | 11 | 6 | 41 | 14 |

2.**ਵਿਦਿਅਕ ਯੋਗਤਾਵਾ**:-

**ਅੰਗਰੇਜੀ :**

**(i) Should have possessed a valid bachelor's degree from a recognized university with Elective English having studied in each year of graduation.**

**(ii) B.Ed. with teaching subject of English.**

**AND**

**Guidelines of National Council of Teacher Education (NCTE).**

ਉਪਰੋਕਤ ਵਿਦਿਅਕ ਯੋਗਤਾਵਾਂ ਤੋਂ ਇਲਾਵਾ ਮਾਸਟਰ / ਮਿਸਟ੍ਰੈਸ ਅਧਿਆਪਕ ਦੀ ਅਸਾਮੀ ਲਈ ਉਮੀਦਵਾਰਾਂ ਵਲੋਂ ਆਰ.ਟੀ.ਈ ਐਕਟ ਤਹਿਤ ਪੰਜਾਬ ਸਰਕਾਰ ਦੁਆਰਾ ਲਿਆ ਗਿਆ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-2 (P.S.T.E.T-2) ਪਾਸ ਕੀਤਾ ਹੋਣਾ ਲਾਜ਼ਮੀ ਹੈ।

3. ਚੋਣ ਦਾ ਢੰਗ :-

ਇਹਨਾਂ ਅਸਾਮੀਆਂ ਲਈ **ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-2 (P.S.T.E.T-2)** ਪਾਸ ਉਮੀਦਵਾਰ ਹੀ ਯੋਗ ਹੋਣਗੇ। ਇਹਨਾਂ ਅਸਾਮੀਆਂ ਦੀ ਭਰਤੀ ਕਰਨ ਸਬੰਧੀ ਸਟੇਟ ਪੱਧਰ ਤੇ ਇੱਕ ਲਿਖਤੀ ਟੈਸਟ ਲਿਆ ਜਾਵੇਗਾ। ਜਿਸ ਵਿੱਚ ਸਬੰਧਤ ਵਿਸ਼ੇ ਵਿੱਚ 150 ਅੰਕਾਂ ਦਾ ਟੈਸਟ ਲਿਆ ਜਾਵੇਗਾ ਜੋ ਇਹਨਾਂ ਅਸਾਮੀਆਂ ਲਈ ਦਰਸਾਈਆਂ ਗਈਆਂ ਵਿਦਿਅਕ / ਪ੍ਰੋਫੈਸ਼ਨਲ ਯੋਗਤਾਵਾਂ ਲਈ ਨਿਰਧਾਰਿਤ ਹੋਰ ਸ਼ਰਤਾਂ ਪੂਰੀਆਂ ਕਰਦੇ ਹੋਣਗੇ ਉਹਨਾਂ ਉਮੀਦਵਾਰਾਂ ਦੀ ਮੈਰਿਟ ਨਿਰੋਲ ਲਿਖਤੀ ਟੈਸਟ ਦੇ ਅਧਾਰ ਤੇ ਬਣਾਈ ਜਾਵੇਗੀ। PSTET (2) ਦੇ ਨੰਬਰ ਮੈਰਿਟ ਵਿੱਚ ਨਹੀ ਜੋੜੇ ਜਾਣਗੇ।

**(ਜੇਕਰ ਇੱਕ ਤੋਂ ਵੱਧ ਉਮੀਦਵਾਰਾਂ ਦੇ ਲਿਖਤੀ ਟੈਸਟ ਵਿੱਚੋਂ ਬਰਾਬਰ ਅੰਕ ਆਉਂਦੇ ਹਨ ਤਾਂ ਜਿਸ ਉਮੀਦਵਾਰ ਦੀ ਉਮਰ ਵੱਧ ਹੋਵੇਗੀ, ਉਸ ਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ ਅਤੇ ਜੇਕਰ ਇੱਕ ਤੋਂ ਵੱਧ ਉਮੀਦਵਾਰਾਂ ਦੇ ਅੰਕ ਅਤੇ ਉਮਰ ਦੋਨੋ ਇੱਕੋ ਜਿਹੇ ਹੋਣ ਤਾਂ ਜਿਸ ਉਮੀਦਵਾਰ ਦੇ ਗਰੇਜੂਏਸ਼ਨ ਵਿੱਚ ਵੱਧ ਪ੍ਰਤੀਸ਼ਤ ਅੰਕ ਹੋਣਗੇ, ਉਸ ਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ।)**

4. <u>ਅਦਾਇਗੀ ਯੋਗ ਰਕਮ</u> :-

ਤਨਖਾਹ 10300/- ਰੁਪਏ ਪ੍ਰਤੀ ਮਹੀਨਾ ਅਦਾ ਕੀਤੀ ਜਾਵੇਗੀ।

**ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ** (**ਪ੍ਰਸੋਨਲ ਪਾਲਿਸੀਜ-1 ਬਰਾਂਚ**) **ਦੀ ਨੋਟੀਫਿਕੇਸਨ ਨੰ:** G.S.R.-56/Const-/Art.309/Amd.(18)/2016, **ਮਿਤੀ 05 ਸਤੰਬਰ-2016 ਅਨੁਸਾਰ ਪ੍ਰੋਬੇਸਨ ਪੀਰੀਅਡ ਤਿੰਨ ਸਾਲ ਦਾ ਹੋਵੇਗਾ। ਬਾਕੀ ਸਰਤਾਂ ਪੰਜਾਬ ਸਰਕਾਰ ਦੇ ਨੋਟੀਫਿਕੇਸਨ ਮਿਤੀ 15-01-2015 ਦੇ ਅਨੁਸਾਰ ਹੋਣਗੀਆਂ।**

**5.** ਉਮਰ ਸੀਮਾ :-

**(i)** ਮਿਤੀ 01.01.2017 ਨੂੰ ਉਮਰ 18 ਤੋਂ 37 ਸਾਲ ਦੇ ਦਰਮਿਆਨ ਹੋਵੇ।(ਜਿੰਨਾਂ ਉਮੀਦਵਾਰਾਂ ਨੇ 6060 ਦੀ ਭਰਤੀ ਸਬੰਧੀ ਵਿਭਾਗ ਵਲੋਂ ਦਿੱਤੇ ਗਏ ਵਿਗਿਆਪਨ ਅਨੁਸਾਰ ਸਬੰਧਤ ਵਿਸ਼ੇ ਦੀ ਲਿਖਤੀ ਪ੍ਰੀਖਿਆ ਪਾਸ ਕੀਤੀ ਸੀ,ਉਹਨਾਂ ਨੂੰ ਉਕਤ ਦਰਸਾਈ ਉਮਰ ਸੀਮਾ ਵਿੱਚ ਛੋਟ ਹੋਵੇਗੀ)

**(ii)** ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾ ਦੀ ਹੱਦ ਵਿਚ 5 ਸਾਲ ਦੀ ਛੋਟ ਹੋਵੇਗੀ।

**(iii)** ਪੰਜਾਬ,ਹੋਰ ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਦੀ ਉਪਰਲੀ ਉਮਰ ਸੀਮਾ ਦੀ ਹੱਦ 45 ਸਾਲ ਤੱਕ ਹੋਵੇਗੀ।

**(iv)** ਪੰਜਾਬ ਰਾਜ ਦੀਆਂ ਵਿਧਵਾ ਅਤੇ ਤਲਾਕਸ਼ੁਧਾ ਔਰਤਾ ਦੀ ਉਪਰਲੀ ਉਮਰ ਸੀਮਾ ਦੀ ਹੱਦ ਵਿਚ 42 ਸਾਲ ਦੀ ਛੋਟ ਹੋਵੇਗੀ।

**(v)** ਪੰਜਾਬ ਦੇ ਵਸਨੀਕ ਵਿਕਲਾਂਗਾ ਦੀ ਉਮਰ ਦੀ ਉਪਰਲੀ ਉਮਰ ਸੀਮਾ ਦੀ ਹੱਦ ਵਿਚ 10 ਸਾਲ ਦੀ ਛੋਟ ਹੋਵੇਗੀ।

**(vi)** ਪੰਜਾਬ ਦੇ ਸਾਬਕਾ ਫੌਜੀਆਂ ਵੱਲੋਂ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਆਸਾਮੀ ਦੀ ਉਪਰਲੀ ਸੀਮਾ ਤੋਂ ਤਿੰਨ ਸਾਲ ਵੱਧ ਹੋਵੇਗੀ ਤਾਂ ਉਨ੍ਹਾਂ ਨੂੰ ਉਮਰ ਸੀਮਾ ਦੀਆਂ ਸ਼ਰਤਾਂ ਤੇ ਸੰਤੁਸਟਤਾ ਦੇਣੀ ਪਵੇਗੀ।

6. **ਬਿਨੈ-ਪੱਤਰ ਪ੍ਰੋਸੈਸਿੰਗ ਫੀਸ** :-

**(i)** ਜਨਰਲ ਅਤੇ ਹੋਰ ਕੈਟਾਗਰੀ ਦੇ ਉਮੀਦਵਾਰਾਂ ਲਈ : 1000 ਰੁਪਏ

**(ii)** ਰਿਜਰਵ ਕੈਟਾਗਰੀ (ਐਸ.ਸੀ. / ਐਸ.ਟੀ) : 500 ਰੁਪਏ

**(iii)** ਸਾਬਕਾ ਸੈਨਿਕ (ਖੁਦ) : ਕੋਈ ਨਹੀਂ।

**ਨੋਟ:**

(ੳ) ਸਾਬਕਾ ਸੈਨਿਕਾਂ (ਖੁਦ) ਨੂੰ ਫੀਸ ਦੀ ਅਦਾਇਗੀ ਤੋਂ ਛੋਟ ਹੋਵੇਗੀ, ਬਸ਼ਰਤੇ ਕਿ ਉਨਾਂ ਨੂੰ ਭਾਰਤ ਸਰਕਾਰ ਵੱਲੋਂ ਨੌਕਰੀ ਦੌਰਾਨ ਜਾਂ ਨਿਸ਼ਚਿਤ ਆਮ ਅਰਸਾ ਮੁਕੰਮਲ ਹੋਣ ਤੋਂ ਪਹਿਲਾਂ ਜਾਂ ਖੁਦ ਦੀ ਪ੍ਰਤੀ ਬੇਨਤੀ ਤੇ ਨੌਕਰੀ ਤੋਂ ਫਾਰਗ / ਡਿਸਚਾਰਜ ਨਾ ਕੀਤਾ ਗਿਆ ਹੋਵੇ।ਸਾਬਕਾ ਸੈਨਿਕਾਂ ਦੇ ਆਸਰਿਤਾ ਨੂੰ ਲੋੜੀਂਦੀ ਨਿਰਧਾਰਿਤ ਫੀਸ ਦੀ ਅਦਾਇਗੀ ਕਰਨੀ ਹੋਵੇਗੀ ਅਤੇ ਇਸ ਅਸਾਮੀ ਲਈ ਅਸਲ Lineal Desecendent Certificate (LDC) ਅਸਲ ਦਸਤਾਵੇਜ਼ਾਂ ਦੀ ਸਕਰੂਟਨੀ ਸਮੇਂ ਜਮਾਂ ਕਰਵਾਉਣਾ ਹੋਵੇਗਾ।

**(ਅ)** ਪੰਜਾਬ ਦੇ ਵਸਨੀਕ ਵਿਕਲਾਂਗ ਉਮੀਦਵਾਰਾਂ ਵੱਲੋਂ ਉਪਰੋਕਤ ਅਨੁਸਾਰ ਉਹੀ ਫੀਸ ਜਮਾਂ ਕਰਵਾਈ ਜਾਵੇਗੀ, ਜਿਸ ਵਰਗ / ਸ਼੍ਰੇਣੀ ਨਾਲ ਉਹ ਸਬੰਧ ਰੱਖਦੇ ਹਨ।

**(ੲ)** ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ / ਛੋਟ ਨਹੀਂ ਦਿੱਤੀ ਜਾਵੇਗੀ ਸਿਵਾਏ ਸਾਬਕਾ ਸੈਨਿਕ (ਖੁਦ) ਅਤੇ ਫੀਸ ਨਾ ਭੇਜਣ ਦੀ ਹਾਲਤ ਵਿੱਚ ਉਸ ਦੀ ਪਾਤਰਤਾ ਰੱਦ ਸਮਝੀ ਜਾਵੇਗੀ।

**(ਸ) ਉਮੀਦਵਾਰ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਫੀਸ ਦੀ ਰਸੀਦ ਪੇਸ਼ ਕਰਨਗੇ।**

7. **ਆਮ ਸ਼ਰਤਾਂ:–**

(i) ਜਿਹੜੇ ਉਮੀਦਵਾਰ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦੇ ਰਾਖਵਾਂਕਰਨ ਦਾ ਲਾਭ ਲੈਣਾ ਚਾਹੁੰਦੇ ਹਨ, ਉਨ੍ਹਾਂ ਦੇ ਜਾਤੀ ਸਰਟੀਫਿਕੇਟ ਜੋ ਕਿ ਸਬੰਧਤ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤੇ ਗਏ ਹੋਣ,ਵਿੱਚ ਜਾਤੀ ਸਪੱਸ਼ਟ ਤੌਰ ਤੇ ਲਿਖੀ ਹੋਵੇ। ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੀ ਉਹ ਇਸਤਰੀ ਉਮੀਦਵਾਰ, ਜਿਨ੍ਹਾਂ ਦੇ ਸਰਟੀਫਿਕੇਟ ਵਿਆਹ ਉਪਰੰਤ ਪਤੀ ਦੇ ਨਾਮ ਤੇ ਬਣੇ ਹਨ, ਉਨ੍ਹਾਂ ਇਸਤਰੀ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਉਹ ਸਰਟੀਫਿਕੇਟ,ਜਿਸ ਵਿੱਚ ਪਿਤਾ ਦਾ ਨਾਮ ਦਰਜ ਹੈ ਜਾਂ ਪਿਤਾ ਦਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਸਬੂਤ ਵਜੋਂ ਪੇਸ਼ ਕਰਨਾ ਹੋਵੇਗਾ।ਜੇਕਰ ਉਹ ਇਹ ਸਰਟੀਫਿਕੇਟ ਪੇਸ਼ ਨਹੀਂ ਕਰਦੀ ਤਾਂ ਉਸਦੀ ਪਾਤਰਤਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਜਿਹੋ ਜਿਹਾ ਵੀ ਕੇਸ ਹੋਵੇ, ਵਿੱਚ ਨਹੀਂ ਵਿਚਾਰੀ ਜਾਵੇਗੀ।ਅਨੁਸੂਚਿਤ ਜਾਤੀ ਦਾ ਰਾਖਵਾਂਕਰਨ ਪੰਜਾਬ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ (ਨੌਕਰੀਆਂ ਵਿੱਚ ਰਾਖਵਾਂਕਰਨ) ਐਕਟ, 2006 ਅਨੁਸਾਰ ਹੋਵੇਗਾ, ਪਰੰਤੂ ਉਨ੍ਹਾਂ ਦੀ ਚੋਣ ਇਸ ਸਬੰਧ ਵਿਚ ਮਾਣਯੋਗ ਸੁਪਰੀਮ ਕੋਰਟ ਵਿਖੇ ਪੈਡਿੰਗ ਕੇਸ SLP(CIVIL) No.23507 of 2010 in CWP NO 18290 OF 2009, ਪੰਜਾਬ ਸਰਕਾਰ ਅਤੇ ਹੋਰ ਬਨਾਮ ਦਵਿੰਦਰ ਸਿੰਘ ਅਤੇ ਹੋਰ ਦੇ ਅੰਤਿਮ ਫੈਸਲੇ ਦੇ ਨਿਰਭਰ ਹੋਵੇਗੀ।

(iv) ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਉਦੋਂ ਤੱਕ ਵੈਲਿਡ ਮੰਨਿਆ ਜਾਵੇਗਾ, ਜਦੋਂ ਤੱਕ ਪ੍ਰਾਰਥੀ ਕਰੀਮੀਲੇਅਰ ਦੇ ਦਾਇਰੇ ਵਿਚ ਨਹੀਂ ਆ ਜਾਂਦਾ।ਪੱਛੜੀ ਸ਼੍ਰੇਣੀ ਦਾ ਲਾਭ ਪ੍ਰਾਪਤ ਕਰਨ ਲਈ ਉਮੀਦਵਾਰ ਨੂੰ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਆਪਣੀ ਪ੍ਰਤੀ ਬੇਨਤੀ ਦੇ ਨਾਲ ਇਕ ਘੋਸ਼ਣਾ ਪੱਤਰ ਦੇਣਾ ਪਵੇਗਾ ਕਿ ਉਸ ਦੇ ਸਟੇਟਸ ਵਿੱਚ ਕੋਈ ਤਬਦੀਲੀ ਨਹੀਂ ਆਈ ਅਤੇ ਉਹ ਕਰੀਮੀਲੇਅਰ ਦੇ ਦਾਇਰੇ ਵਿੱਚ ਨਹੀਂ ਆਉਂਦਾ।

(v) ਸਾਬਕਾ ਸੈਨਿਕ ਕੋਟੇ ਅਧੀਨ ਰਾਖਵਾਂਕਰਨ ਕੇਵਲ ਪੰਜਾਬ ਦੇ ਵਸਨੀਕਾ ਤੇ ਹੀ ਲਾਗੂ ਹੋਵੇਗਾ।ਜੇਕਰ ਸਾਬਕਾ ਸੈਨਿਕ ਖੁਦ ਉਮੀਦਵਾਰ ਨਾ ਹੋਵੇ, ਤਾਂ ਇਹ ਰਾਖਵਾਂਕਰਨ ਆਸ਼ਰਿਤਾਂ ਲਈ ਲਾਗੂ ਹੋਵੇਗਾ।ਅਜਿਹੇ ਸਾਬਕਾ ਸੈਨਿਕ/ਆਸ਼ਰਿਤ ਸੈਨਿਕ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਪੇਸ਼ ਕਰਨਗੇ।

(vi) ਸਵੰਤਰਤਾ ਸੈਨਾਨੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰ, ਸਰਕਾਰ ਦੇ ਪੱਤਰ ਨੰ:16/57-97-8ਪੀ-3/ਸਪੇ 503 ਮਿਤੀ 27.11.2000 ਅਨੁਸਾਰ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ ਅਸਲ ਦਸਤਾਵੇਜਾਂ ਦੀ ਸਕਰੂਟਨੀ ਦੇ ਸਮੇਂ ਪੇਸ਼ ਕਰਨਗੇ।

(vii) ਖਿਡਾਰੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਸਰਟੀਫਿਕੇਟ ਪੇਸ਼ ਕਰਨਾ ਹੋਵੇਗਾ ਜਿਸਦੀ ਡਾਇਰੈਕਟਰ ਸਪੋਰਟਸ ਪੰਜਾਬ ਵਲੋਂ ਗਰੇਡਏਸ਼ਨ ਕੀਤੀ ਹੋਵੇ। ਸਪੋਰਟਸ ਕੈਟਾਗਿਰੀ ਵਿਚ ਸਿਰਫ ਸਪੋਰਟਸ ਮੈਰਿਟ ਨੂੰ ਹੀ ਆਧਾਰ ਮੰਨਿਆ ਜਾਵੇਗਾ ਜੋ ਡਾਇਰੈਕਟਰ ਸਪੋਰਟਸ ਪੰਜਾਬ ਵੱਲੋਂ ਆਪਣੇ ਨਿਯਮਾਂ ਅਨੁਸਾਰ ਤਿਆਰ ਕੀਤੀ ਜਾਵੇਗੀ।

(viii) ਅਪਾਹਜ ਕੋਟੇ ਅਧੀਨ ਰਾਖਵਾਂਕਰਨ ਪੰਜਾਬ ਸਰਕਾਰ,ਸਮਾਜਿਕ ਸੁਰੱਖਿਆ ਅਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਪੱਤਰ ਨੰ:10/26/95-5 ਐਸ ਐਸ/1252 ਮਿਤੀ 02.05.1997 ਅਨੁਸਾਰ ਹੋਵੇਗਾ।ਚਾਹਵਾਨ ਉਮੀਦਵਾਰ ਵਿਗਿਆਪਨ ਵਿੱਚ ਅਪਲਾਈ ਕਰਨ ਦੀ ਦਰਸਾਈ ਆਖਰੀ ਮਿਤੀ ਤੋ ਪਹਿਲਾਂ ਦਾ ਸਮਰੱਥ ਅਧਿਕਾਰੀ ਦੁਆਰਾ ਜਾਰੀ ਅਪਾਹਜ ਦਾ ਸਰਟੀਫਿਕੇਟ ਦਸਤਾਵੇਜ਼ਾ ਦੀ ਸਕਰੂਟਨੀ ਸਮੇਂ ਪੇਸ਼ ਕਰੇਗਾ,ਜਿਸ ਵਿਚ ਉਪਰਲੀ ਜਾਂ ਹੇਠਲੀ ਅੰਗਹੀਣਤਾ ਹੱਦ ਦੇ 40% ਸਥਾਈ/ਅੰਸ਼ਿਕ ਦਰਜ ਹੋਵੇ।ਇਸ ਸਰਟੀਫਿਕੇਟ ਵਿਚ ਸਿਵਲ ਰੁਜ਼ਗਾਰ/ਨਿਰਧਾਰਤ ਅਸਾਮੀ ਲਈ ਫਿੱਟ ਹੋਣਾ ਵੀ ਦਰਸਾਇਆ ਜਾਣਾ ਜ਼ਰੂਰੀ ਹੈ।ਇਹ ਸਰਟੀਫਿਕੇਟ ਜ਼ਿਲੇ ਦੇ ਸਿਵਲ ਸਰਜਨ ਜਾਂ ਉਨ੍ਹਾਂ ਵੱਲੋਂ ਅਧਿਕਾਰਤ ਮੈਡੀਕਲ ਅਫਸਰ ਵੱਲੋਂ ਜਾਰੀ ਕੀਤਾ ਹੋਵੇ।

(x) ਉਮੀਦਵਾਰ ਨੇ ਦਸਵੀਂ ਪੱਧਰ ਦੀ ਪੰਜਾਬੀ ਪਾਸ ਕੀਤੀ ਹੋਵੇ ਜਾਂ ਦਸਵੀਂ ਤੋਂ ਕਿਸੇ ਉਚੇਰੀ ਕਲਾਸ ਵਿਚ ਪੰਜਾਬੀ ਪਾਸ ਹੋਵੇ।

(xi) ਰਾਖਵਾਂਕਰਨ ਦੀ ਨੀਤੀ ਪੰਜਾਬ ਸਰਕਾਰ ਦੀ ਹਦਾਇਤਾਂ ਅਨੁਸਾਰ ਲਾਗੂ ਹਵੇਗੀ।

(xii) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਪੱਕੇ ਵਾਸੀਆਂ ਲਈ ਹੀ ਲਾਗੂ ਹੋਵੇਗਾ।

(xiii) ਪੁਰਸ਼ ਅਤ ਇਸਤਰੀ ਉਮੀਦਵਾਰਾਂ ਦੀ ਸਾਂਝੀ ਮੈਰਿਟ ਬਣਾਈ ਜਾਵੇਗੀ।

(xiv) ਵਿਗਿਆਪਨ ਵਿਚ ਦਰਜ ਅਸਾਮੀਆਂ ਵਧਾਈਆਂ-ਘਟਾਈਆਂ ਜਾ ਸਕਦੀਆਂ ਹਨ ਅਤੇ ਇਸ ਵਿਗਿਆਪਨ ਨੂੰ ਵਿਭਾਗ ਵੱਲੋਂ ਕਿਸੇ ਵੀ ਕਾਰਨ ਕਿਸੇ ਵੀ ਸਮੇ ਦੱਸੇ ਬਿਨਾਂ ਰੱਦ ਕੀਤਾ ਜਾ ਸਕਦਾ ਹੈ।

(xv) ਐਪਲੀਕੇਸ਼ਨ ਫਾਰਮ ਭਰਨ ਸਮੇਂ ਕਿਸੇ ਵੀ ਗਲਤੀ ਲਈ ਉਮੀਦਵਾਰ ਆਪ ਜਿੰਮੇਵਾਰ ਹੋਵੇਗਾ।ਭਰਤੀ ਡਾਇਰੈਕਟੋਰੇਟ ਦੀ ਇਸ ਸਬੰਧੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

(xvi) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰਾਂ ਨੂੰ ਸਾਈਬਰ ਕੈਫੇ ਅਟੈਂਡੇਂਟ ਦੀ ਮੱਦਦ ਲੈਣ ਸਮੇਂ ਆਪਣਾ ਫਾਰਮ ਆਪ ਭਰਨ ਦੀ ਸਲਾਹ ਦਿੱਤੀ ਜਾਂਦੀ ਹੈ।ਐਪਲੀਕੇਸ਼ਨ ਫਾਰਮ ਵਿਚ ਇਕ ਵਾਰ ਡਾਟਾ ਭਰਨ ਤੋਂ ਬਾਅਦ Approve ਕਰਨ ਤੋਂ ਬਾਅਦ ਉਸ ਵਿੱਚ ਕੋਈ ਤਬਦੀਲੀ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ ਅਤੇ ਨਾ ਹੀ ਕੋਈ ਹੋਰ ਮੌਕਾ ਦਿੱਤਾ ਜਾਵੇਗਾ।ਇਸ ਸਬੰਧੀ ਕਿਸੇ ਵੀ ਪ੍ਰਕਾਰ ਦੀ ਪ੍ਰਤੀਬੇਨਤੀ ਦਫਤਰ ਵੱਲੋਂ ਸਵੀਕਾਰ ਨਹੀਂ ਕੀਤੀ ਜਾਵੇਗੀ।

(xvii) ਉਮੀਦਵਾਰ ਵੱਲੋਂ ਅਸਾਮੀ ਵਿਰੁੱਧ ਕੇਵਲ ਅਪਲਾਈ ਕਰਨ ਜਾਂ ਸਕਰੂਟਨੀ ਤੇ ਬੁਲਾਏ ਜਾਣ ਨਾਲ ਹੀ ਨਿਯੁਕਤੀ ਦਾ ਅਧਿਕਾਰ ਨਹੀਂ ਹੋਵੇਗਾ।

(xviii) ਇਸ ਭਰਤੀ ਸਬੰਧੀ ਭਰਤੀ ਡਾਇਰੈਕਟੋਰੇਟ ਵੱਲੋਂ ਲਿਆ ਫੈਸਲਾ ਅੰਤਿਮ ਅਤੇ ਸਭ ਤੇ ਲਾਗੂ ਹੋਵੇਗਾ।

(xix) ਉਮੀਦਵਾਰਾਂ ਵੱਲੋਂ ਆਪਣਾ ਮੋਬਾਇਲ ਨੰਬਰ, Email-ID, ਆਪਣਾ ਬੈਂਕ ਅਕਾਉਂਟ ਨੰਬਰ, ਬੈਂਕ ਦਾ IFSC ਕੋਡ, ਬਰਾਂਚ ਦਾ ਨਾਮ ਆਦਿ ਆਨ-ਲਾਈਨ ਅਪਲਾਈ ਕਰਨ ਸਮੇਂ ਫਾਰਮ ਵਿੱਚ ਭਰਿਆ ਜਾਵੇ।

(xx) ਉਮੀਦਵਾਰਾਂ ਦੀ ਪੰਜਾਬ ਭਰਤੀ ਕਰਨ ਸਬੰਧੀ ਸਟੇਟ ਪੱਧਰ ਤੇ ਇੱਕ ਲਿਖਤੀ ਟੈਸਟ ਵਿੱਚੋਂ ਪਾਸ ਉਮੀਦਵਾਰਾਂ ਦੀ ਪ੍ਰੋਵੀਜ਼ਨਲ ਮੈਰਿਟ ਵਿਚ ਜਨਰਲ ਕੈਟਾਗਿਰੀ ਆਸਾਮੀਆਂ ਦੇ 25% ਵੱਧ ਉਮੀਦਵਾਰਾਂ ਅਤੇ ਰਿਜਰਵ ਕੈਟਾਗਿਰੀਆ ਆਸਾਮੀਆਂ ਦੇ ਦੋ ਗੁਣਾ ਵੱਧ ਉਮੀਦਵਾਰਾਂ ਨੂੰ ਦਸਤਾਵੇਜ਼ਾਂ ਦੀ ਸਕਰੂਟਨੀ ਲਈ ਬੁਲਾਇਆ ਜਾਵੇਗਾ।

(xxi) ਉਮੀਦਵਾਰ ਵੱਲੋਂ ਜਿਸ ਕੈਟਾਗਿਰੀ ਵਿੱਚ ਆਨ-ਅਪਲਾਈ ਕੀਤਾ ਗਿਆ ਹੈ।ਉਸ ਨੂੰ ਉਸੇ ਕੈਟਾਗਿਰੀ ਵਿੱਚ ਹੀ ਵਿਚਾਰਿਆ ਜਾਵੇਗਾ।ਕਿਸੇ ਵੀ ਹਾਲਤ ਵਿੱਚ ਉਮੀਦਾਵਰ ਦੀ ਕੈਟਾਗਿਰੀ ਵਿੱਚ ਕੋਈ ਤਬਦੀਲੀ ਨਹੀਂ ਕੀਤੀ ਜਾਵੇਗੀ ਅਤੇ ਨਾ ਹੀ ਇਸ ਸਬੰਧੀ ਕਿਸੇ ਪ੍ਰਤੀ ਬੇਨਤੀ ਤੇ ਕੋਈ ਵਿਚਾਰ ਕੀਤਾ ਜਾਵੇਗਾ।

(xxii) ਉਮੀਦਵਾਰਾਂ ਨੂੰ ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਭਰਤੀ ਸਬੰਧੀ ਸ਼ਰਤਾਂ / ਬਾਨਾਂ ਚੰਗੀ ਤਰ੍ਹਾਂ ਨਾਲ ਪੜ੍ਹਨ ਉਪਰੰਤ ਆਪ ਖੁਦ ਅਪਲਾਈ ਕਰੇ ਅਤੇ ਉਹਨਾਂ ਨੂੰ ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਸ ਭਰਤੀ ਸਬੰਧੀ Latest Update ਦੀ ਜਾਣਕਾਰੀ ਲਈ ਵਿਭਾਗ ਦੀ ਵੈਬ-ਸਾਈਟ www.educationrecruitmentboard.com ਸਮੇਂ-ਸਮੇਂ ਚੈੱਕ ਕਰਦੇ ਰਹਿਣ।

ਜ਼ਰੂਰੀ ਨੋਟ :-

**ਉਮੀਦਵਾਰਾਂ ਦੇ ਵਿਦਿਅਕ / ਪ੍ਰੋਫੈਸ਼ਨਲ ਯੋਗਤਾਵਾਂ, PSTET-2 ਸਕਟੀਫਿਕੇਟ ਅਪਲਾਈ ਕਰਨ ਦੀ ਆਖਰੀ ਮਿਤੀ ਦੇ ਜਾਂ ਪਹਿਲਾ ਦੇ ਬਣੇ ਹੋਣ।** ਰਿਜ਼ਰਵੇਸ਼ਨ ਦਾ ਲਾਭ ਲੈਣ ਲਈ ਵੱਖ-ਵੱਖ ਕੈਟਾਰਗਿਰੀਆਂ ਦੇ ਸਰਟੀਫਿਕੇਟ ਜਿਵੇਂ ਐਸ.ਸੀ, ਬੀ.ਸੀ, ਐਲ.ਡੀ.ਸੀ, ਸਪੋਰਟਸ ਗਰੇਡੇਸ਼ਨ, ਅੰਗਹੀਣ ਅਤੇ ਸੁਤੰਤਰਤਾ ਸੰਗਰਾਮੀ ਅਤੇ ਹੋਰ ਲੋੜੀਂਦੇ ਸਰਟੀਫਿਕੇਟ ਆਦਿ **ਸਕਰੂਟਨੀ ਸਮੇ ਹੀ ਜਮ੍ਹਾਂ/ਚੈਕ ਕਰਵਾਉਣ ਉਪਰੰਤ ਮੰਨਣਯੋਗ ਹੋਣਗੇ।ਉਸ ਤੋ ਬਾਅਦ ਕਿਸੇ ਵੀ ਉਮੀਦਵਾਰ ਦੀ ਪ੍ਰਤੀ ਬੇਨਤੀ ਪ੍ਰਵਾਨ ਨਹੀ ਕੀਤੀ ਜਾਵੇਗੀ।**

8. ਆਨਲਾਈਨ ਅਪਲਾਈ ਕਰਨ ਦੀ ਵਿਧੀ :-

(1) ਵੈਬਸਾਈਟ www.educationrecruitmentboard.com ।

(2) ਉਮੀਦਵਾਰ ਵਲੋਂ ਪਹਿਲਾਂ ਉਪਰੋਕਤ ਦਰਸਾਈ ਵੈਬਸਾਈਟ ਉੱਤੇ ਰਜਿਸਟ੍ਰੇਸਨ ਕਰਵਾਈ ਜਾਵੇਗੀ।ਰਜਿਸਟ੍ਰੇਸਨ ਕਰਵਾਉਣ ਲਈ ਇਸ ਵੈਬਸਾਈਟ ਉੱਤੇ ਦਿੱਤੇ ਲਿੰਕ New Registration ਉੱਤੇ Click ਕੀਤਾ ਜਾਵੇ ਅਤੇ ਮੰਗੀ ਗਈ ਜਾਣਕਾਰੀ ਭਰੀ ਜਾਵੇ। ਇੱਕ ਵਾਰ ਰਜਿਸਟ੍ਰੇਸਨ ਕਰਨ ਉਪਰੰਤ ਕੋਈ ਵੀ ਜਾਣਕਾਰੀ ਦੁਬਾਰਾ Update/Edit ਨਹੀਂ ਕੀਤੀ ਜਾਵੇਗੀ।ਉਮੀਦਵਾਰ ਨੂੰ successful registration ਉਪਰੰਤ SMS ਰਾਹੀਂ ਸੂਚਿਤ ਕੀਤਾ ਜਾਵੇਗਾ ਜਿਸ ਵਿਚ ਉਮੀਦਵਾਰ ਦਾ ਪਾਸਵਰਡ ਅਤੇ ਰਜਿਸਟ੍ਰੇਸ਼ਨ ਨੰਬਰ ਹੋਵੇਗਾ।

(3) ਰਜਿਸਟ੍ਰੇਸਨ ਉਪਰੰਤ ਉਮੀਦਵਾਰ ਆਪਣਾ Bank Challan ਜਨਰੇਟ ਕਰ ਸਕਦੇ ਹਨ ਅਤੇ Punjab National Bank ਦੀ ਕਿਸੇ ਵੀ ਸ਼ਾਖਾ ਵਿੱਚ ਆਪਣੀ ਫੀਸ ਜਮ੍ਹਾਂ ਕਰਵਾ ਸਕਦੇ ਹਨ।ਉਮੀਦਵਾਰ ਵੱਲੋ

ਰਜਿਸਟ੍ਰੇਸ਼ਨ ਕਰਵਾਉਣ ਤੋਂ ਇੱਕ ਦਿਨ ਬਾਅਦ ਬੈਂਕ ਵਿਚ ਫੀਸ ਜਮ੍ਹਾ ਕਰਵਾਈ ਜਾਵੇ।'E x-serviceman' (Self) ਵਾਸਤੇ ਬੈਂਕ ਚਲਾਨ ਜਨਰੇਟ ਨਹੀਂ ਹੋਵੇਗਾ।ਉਹ successful registration ਤੋਂ ਤਰੁੰਤ ਬਾਅਦ ਆਨਲਾਈਨ ਅਪਲਾਈ ਕਰ ਸਕਦਾ ਹੈ।

(4) ਉਮੀਦਵਾਰ ਆਪਣੀ ਫੀਸ ਕਰੈਡਿਟ ਕਾਰਡ,ਡੈਬਿਟ ਕਾਰਡ ਅਤੇ ਆਨ ਲਾਈਨ **ਬੈਂਕਕਿੰਗ ਰਾਂਹੀਂ ਵੀ .ਭਰ ਸਕਦੇ ਹਨ ।**

(5) **ਫੀ**ਸ ਸਬੰਧੀ ਬੈਂਕ ਤੋਂ Confirmation ਹੋਣ ਉਪਰੰਤ,ਸਿੱਖਿਆ ਵਿਭਾਗ ਵੱਲੋਂ ਉਮੀਦਵਾਰ ਦੀ ਰਜਿਸਟ੍ਰੇਸਨ 48 ਘੰਟੇ ਵਿੱਚ Confirm ਕਰ ਦਿੱਤੀ ਜਾਵੇਗੀ ਅਤੇ confirmation ਉਪਰੰਤ ਹੀ ਉਮੀਦਵਾਰ ਆਪਣੀ Online Application ਭਰ ਸਕਦੇ ਹਨ।

(6) Application ਭਰਨ ਉਪਰੰਤ ਇਸ ਦਾ Printout ਜਰੂਰ ਲਿਆ ਜਾਵੇ ਅਤੇ ਸੰਭਾਲ ਕੇ ਰੱਖਿਆ ਜਾਵੇ। ਇੱਥੇ ਇਹ ਵੀ ਸਪੱਸਟ ਕੀਤਾ ਜਾਂਦਾ ਹੈ ਕਿ Application Form ਜਾਂ ਕੋਈ ਹੋਰ ਦਸਤਾਵੇਜ ਡਾਕ ਰਾਹੀਂ ਇਸ ਦਫਤਰ ਨੂੰ ਭੇਜਣ ਦੀ ਜਰੂਰਤ ਨਹੀਂ ਹੈ। ਕੋਈ ਵੀ ਦਸਤਾਵੇਜ, ਮੰਗੇ ਜਾਣ ਉਪਰੰਤ ਹੀ ਭੇਜਿਆ ਜਾਵੇ।

(7) ਉਮੀਦਵਾਰ ਇੱਕ ਸਵੈ ਤਸਦੀਕੀ ਫੋਟੋ ਅਤੇ ਸਕੈਨ ਕੀਤੇ ਦਸਤਖਤ ਆਨਲਾਈਨ ਅਪਲਾਈ ਕਰਨ ਸਮੇਂ ਅਪਲੋਡ ਕਰੇਗਾ

(8). ਆਨ ਲਾਈਨ ਅਪਲਾਈ ਕਰਨ ਦੀ ਮਿਤੀ-

1 ਆਨ ਲਾਈਨ ਰਜਿਸਟ੍ਰੇਸ਼ਨ ਕਰਨ ਦੀ ਆਖਰੀ ਮਿਤੀ 6-10-2017 ਸ਼ਾਮ 5.00 ਵਜੇ ਤੱਕ ਹੈ।

2 ਬੈਂਕ ਵਿੱਚ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 11-10-2017 ਹੈ।

3 ਐਪਲੀਕੇਸ਼ਨ ਫਾਰਮ ਭਰਨ ਦੀ ਆਖਰੀ ਮਿਤੀ 14-10-2017 ਸ਼ਾਮ 5.00 ਵਜੇ ਤੱਕ ਹੈ।

ਸਹੀ/
**ਡਾਇਰੈਕਟਰ**
**ਸਿੱਖਿਆ ਭਰਤੀ ਡਾਇਰੈਕਟੋਰੇਟ ਪੰਜਾਬ।**